# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

# ਡੇਂਗੂ ਪ੍ਰਭਾਵਿਤ ਇਲਾਕਿਆਂ ਵਿਚ ਕਰਵਾਈ ਜਾ ਰਹੀ ਹੈ ਫੋਗਿੰਗ ਸਪਰੇਅ....ਮੇਅਰ ਸ਼ਿਵ ਸੂਦ

ਹੁਸ਼ਿਆਰਪੁਰ 05 ਜੂਨ ਨਗਰ ਨਿਗਮ ਹੁਸ਼ਿਆਰਪੁਰ ਦੇ ਪੁਰਹੀਰਾਂ ਇਲਾਕੇ ਦੇ ਸੁੰਦਰ ਨਗਰ ਵਿਖੇ ਡੇਂਗੂ ਦਾ ਮਰੀਜ਼ ਮਿਲਣ ਕਾਰਨ ਨਗਰ ਨਿਗਮ ਵੱਲੋਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਡੇਂਗੂ ਦੇ ਲਾਰਵੇ ਨਾਲ ਨਿਪਟਣ ਲਈ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਦਿੰਦਿਆਂ ਦੱਸਿਆ ਕਿ ਨਗਰ ਨਿਗਮ ਦੇ ਸੈਨੇਟਰੀ ਇੰਸਪੈਕਟਰ ਸੰਜੀਵ ਕੁਮਾਰ, ਜਨਕ ਰਾਜ, ਸੁਰਿੰਦਰ ਕੁਮਾਰ ਵੱਲੋਂ ਡੇਂਗੂ ਪ੍ਰਭਾਵਿਤ ਇਲਾਕਿਆਂ ਵਿਚ ਫੋਗਿੰਗ ਸਪਰੇਅ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਸਿਹਤ ਵਿਭਾਗ ਵੱਲੋਂ ਡੇਂਗੂ ਦੀ ਰੋਕਥਾਮ ਲਈ ਦਵਾਈ ਦਾ ਛੜਕਾਓ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਉਹਨਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਪੁਰਹੀਰਾਂ, ਸੁੰਦਰ ਨਗਰ, ਭੀਮ ਨਗਰ ਆਦਿ ਵਿਚ ਡੇਂਗੂ ਦੇ ਲਾਰਵੇ ਦੀ ਜਾਂਚ ਕਰਕੇ ਦਵਾਈਆਂ ਦਾ ਛੜਕਾਓ ਕੀਤਾ ਜਾ ਰਿਹਾ ਹੈ ਅਤੇ ਨਗਰ ਨਿਗਮ ਵੱਲੋਂ ਇਹਨਾਂ ਪ੍ਰਭਾਵਿਤ ਇਲਾਕਿਆਂ ਵਿਚ ਵਿਸ਼ੇਸ਼ ਤੌਰ ਤੇ ਫੋਗਿੰਗ ਸਪਰੇਅ ਕਰਵਾਈ ਜਾ ਰਹੀ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਫੋਗਿੰਗ ਸਪਰੇਅ ਵੇਲੇ ਲੋਕ ਆਪਣੇ ਘਰਾਂ ਦੀਆਂ ਖਿੜਕੀਆਂ ਅਤੇ ਦਰਵਾਜੇ ਖੁੱਲੇ ਰੱਖਣ ਤਾ ਜ਼ੋ ਫੋਗਿੰਗ ਸਪਰੇਅ ਦਾ ਘਰਾਂ ਦੇ ਅੰਦਰ ਵੀ ਪੂਰਾ ਅਸਰ ਹੋ ਸਕੇ। ਉਹਨਾਂ ਕਿਹਾ ਕਿ ਲੋਕ ਆਪਣੇ ਘਰਾਂ ਦੇ ਆਲੇ-ਦੁਆਲੇ ਪਾਣੀ ਖੜਾ ਨਾ ਹੋਣ ਦੇਣ, ਕਿਉਂਕਿ ਡੇਂਗੂ ਮੱਛਰ ਸਾਫ, ਖੁੱਲੇ ਅਤੇ ਖੜੇ ਪਾਣੀ ਵਿਚ ਪੈਦਾ ਹੁੰਦਾ ਹੈ।